28-Oct-FZR-ABH-Pages.qxd 10/28/2025 9:37 PM Page 7



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਮਾਲਵਾ ਜ਼ੋਨ ਇੰਚਾਰਜ ਵਲੋਂ ਜ਼ਿਲ੍ਹੇ ਦੇ ਅਧਿਕਾਰੀਆਂ ਤੇ ਕੋਆਰਡੀਨੇਟਰਾਂ ਨਾਲ ਮੀਟਿੰਗ

## ਪੰਜਾਬ ਸਰਕਾਰ ਦਾ ਇਕੋ-ਇਕ ਮਕਸਦ ਰਾਜ 'ਚੋਂ ਨਸ਼ਿਆਂ ਦਾ ਖਾਤਮਾ-ਚਸਪਿੰਦਰ ਸਿੰਘ ਚਹਿਲ

ਫ਼ਾਜ਼ਿਲਕਾ, 28 ਅਕਤੂਬਰ (ਦਵਿੰਦਰ ਪਾਲ ਸਿੰਘ)-ਰਾਜ ਵਿਚੋਂ ਨਸ਼ਿਆਂ ਦੇ ਖ਼ਾਤਮੇ ਲਈ ਪੰਜਾਬ ਸਰਕਾਰ ਵਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਲੋਕਾਂ ਦਾ ਸਹਿਯੋਗ ਲੈਣ ਲਈ ਸ਼ੁਰੂ ਕੀਤੇ ਗਏ "ਨਸ਼ਾ ਮੁਕਤੀ ਮੋਰਚਾ" ਦੇ ਮਾਲਵਾ ਜ਼ੋਨ ਦੇ ਇੰਚਾਰਜ ਚਸਪਿੰਦਰ ਸਿੰਘ ਚਹਿਲ ਵਲੋਂ ਜ਼ਿਲ੍ਹਾ 'ਤੇ ਹਲਕਾ ਕੋਆਰਡੀਨੇਟਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਐੱਸ.ਐੱਸ.ਪੀ. ਗੁਰਮੀਤ ਸਿੰਘ ਅਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਭਾਸ਼ ਚੰਦਰ ਵੀ ਹਾਜ਼ਰ ਸਨ। ਇਸ ਮੌਕੇ ਸਬੰਧਿਤ ਕੋਆਰਡੀਨੇਟਰਾਂ ਨਾਲ ਗੱਲਬਾਤ ਕਰਦਿਆਂ ਚਸਪਿੰਦਰ ਸਿੰਘ ਚਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖ਼ਾਤਮੇ ਲਈ ਨਿਰਨਾਇਕ ਲੜਾਈ ਵਿੱਢੀ ਗਈ ਹੈ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਇਕੋ ਇਕ ਮਕਸਦ ਹੈ ਕਿ ਪੰਜਾਬ ਵਿਚੋਂ ਨਸ਼ਾ ਪੂਰੀ ਤਰ੍ਹਾਂ ਨਾਲ ਖ਼ਤਮ ਕੀਤਾ ਜਾਵੇ। ਇਸ ਕੰਮ ਲਈ ਉਨ੍ਹਾਂ ਵਲੋਂ ਪੂਰਾ ਜ਼ੋਰ ਲਗਾ ਕੇ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਨੂੰ ਸਾਰਿਆਂ ਨੂੰ ਇਕ ਵੱਡੀ ਜ਼ਿੰਮੇਵਾਰੀ ਦਿੱਤੀ ਹੈ ਕਿ ਅਸੀਂ ਆਪਣੇ ਇਲਾਕੇ ਆਪਣੇ ਆਲ਼ੇ ਦੁਆਲੇ ਆਪਣੇ ਪਿੰਡਾਂ ਵਿਚ ਕਿਸੇ ਤਰ੍ਹਾਂ ਦਾ ਨਸ਼ਾ ਨਾ ਵਿਕਣ ਦੇਈਏ ਅਤੇ ਜੇਕਰ ਕੋਈ ਨਸ਼ੇ ਵੇਚਣ ਦਾ ਕੰਮ ਕਰਦਾ ਹੈ ਤਾਂ ਇਸ ਬਾਰੇ ਸਬੰਧਿਤ ਪੁਲਿਸ ਥਾਣਿਆਂ ਜਾਂ ਪੁਲਿਸ ਮੁਖੀਆਂ ਨੂੰ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਕੋਈ ਵੀ ਨਸ਼ਾ ਵੇਚਣ ਵਾਲਾ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ। ਇਸ ਕੰਮ ਲਈ ਸਾਨੂੰ ਸਾਰਿਆਂ ਨੂੰ ਪਾਰਟੀ ਵਲੋਂ ਜ਼ਿੰਮੇਵਾਰੀ ਦਿੱਤੀ ਗਈ ਹੈ ਅਤੇ ਇਸ ਜ਼ਿੰਮੇਵਾਰੀ ਨੂੰ ਅਸੀਂ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਵਾਂਗੇ। ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਤੇ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਮੀਟਿੰਗ ਵਿਚ ਹਾਜ਼ਰ ਕੋਆਰਡੀਨੇਟਰਾਂ ਨੂੰ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿਚ ਪੂਰੀ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਕੰਮ ਕੀਤਾ ਜਾਵੇ ਤੇ ਜ਼ਿਲ੍ਹਾ ਤੇ ਪੁਲਿਸ ਪ੍ਰਸ਼ਾਸਨ ਵਲੋਂ ਇਸ ਮੁਹਿੰਮ ਵਿਚ ਉਨ੍ਹਾਂ ਦਾ ਪੂਰਾ ਸਹਿਯੋਗ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਵੀ ਪ੍ਰਸ਼ਾਸਨ ਵਲੋਂ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਤੇ ਨਸ਼ਾ ਪੀੜਤਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਭਰਤੀ ਕਰਵਾਇਆ ਗਿਆ ਹੈ 'ਤੇ ਹੁਣ ਵੀ ਉਹ ਲਗਾਤਾਰ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਵਿਚ ਲੱਗਾ ਹੋਇਆ ਹੈ। ਇਸ ਮੌਕੇ ਐੱਸ.ਡੀ.ਐੱਮ. ਕੰਵਰਜੀਤ ਸਿੰਘ ਮਾਨ, ਸਹਾਇਕ ਕਮਿਸ਼ਨਰ ਅਮਨਦੀਪ ਸਿੰਘ ਮਾਵੀ, ਜ਼ਿਲ੍ਹਾ ਕੁਆਰਡੀਨੇਟਰ ਸੂਰਜ ਸੇਤੀਆ, ਵਾਈਸ ਕੁਆਰਡੀਨੇਟਰ ਤੇ ਵੱਖ-ਵੱਖ ਹਲਕਿਆਂ ਵਿਚ ਨਿਯੁਕਤ ਕੀਤੇ ਗਏ ਹਲਕਾ ਕੋਆਰਡੀਨੇਟਰ ਵੀ ਮੌਜੂਦ ਸਨ।



ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਮਾਲਵਾ ਜ਼ੋਨ ਇੰਚਾਰਜ ਚਸਪਿੰਦਰ ਸਿੰਘ ਚਹਿਲ ਜ਼ਿਲ੍ਹੇ ਦੇ ਅਧਿਕਾਰੀਆਂ 'ਤੇ ਕੋਆਰਡੀਨੇਟਰਾਂ ਨਾਲ ਮੀਟਿੰਗ ਕਰਦੇ ਹੋਏ। ਅਜੀਤ ਤਸਵੀਰ

# ਜ਼ਿਲ੍ਹਾ ਸਟੇਟ ਸਪੈਸ਼ਲ ਅਪ੍ਰੇਸ਼ਨ ਸੈੱਲ ਵਲੋਂ 5 ਕਿੱਲੋ ਹੈਰੋਇਨ ਸਮੇਤ 1 ਵਿਅਕਤੀ ਗ੍ਰਿਫ਼ਤਾਰ

ਫ਼ਾਜ਼ਿਲਕਾ, 28 ਅਕਤੂਬਰ (ਦਵਿੰਦਰ ਪਾਲ ਸਿੰਘ)-ਫ਼ਾਜ਼ਿਲਕਾ ਦੇ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਪੁਲਿਸ ਨੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਉਸ ਤੋਂ 5 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ। ਜਾਣਕਾਰੀ ਅਨੁਸਾਰ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਦੇ ਸਬ ਇੰਸਪੈਕਟਰ ਰਾਜਵੰਤ ਸਿੰਘ ਨੇ ਪੁਲਿਸ ਪਾਰਟੀ ਸਮੇਤ ਲਿੰਕ ਰੋਡ ਪਿੰਡ ਬਸਤੀ ਖ਼ੁਸ਼ਹਾਲ ਸਿੰਘ ਵਾਲਾ ਕਾਲੂ ਵਾਲੇ ਝੁੱਗੇ 'ਤੇ ਪਿੰਡ ਹਸਣ ਢੁੱਟ 'ਤੇ ਨਾਕਾਬੰਦੀ ਕੀਤੀ ਹੋਈ ਸੀ। ਕਾਲੂ ਵਾਲੇ ਝੁੱਗੇ ਦੀ ਤਰਫ਼ੋਂ ਇਕ ਮੋਟਰਸਾਈਕਲ ਆਇਆ। ਜਿਸ ਨੂੰ ਸਬ ਇੰਸਪੈਕਟਰ ਰਾਜਵੰਤ ਸਿੰਘ ਨੇ ਰੁਕਣ ਦਾ ਇਸ਼ਾਰਾ ਕੀਤਾ ਤਾਂ ਮੋਟਰਸਾਈਕਲ ਹੀਰੋ ਸਪਲੈਂਡਰ 'ਤੇ ਸਵਾਰ ਇਕ ਨੌਜਵਾਨ ਨੇ ਮੋਟਰਸਾਈਕਲ ਦੀ ਟੈਂਕੀ 'ਤੇ ਇਕ ਕੈਰੀ ਬੈਗ ਵਿਚ ਪਾ ਕੇ ਕੁੱਝ ਰੱਖਿਆ ਹੋਇਆ ਸੀ। ਪੁਲਿਸ ਪਾਰਟੀ ਨੂੰ ਦੇਖ ਕੇ ਨੌਜਵਾਨ ਨੇ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ ਤਾਂ ਨਾਕੇ 'ਤੇ ਹਾਜ਼ਰ ਮੁਲਾਜ਼ਮਾਂ ਨੇ ਘੇਰਾ ਪਾ ਕੇ ਉਸ ਨੂੰ ਕਾਬੂ ਕਰ ਲਿਆ। ਜਦ ਪੁਲਿਸ ਪਾਰਟੀ ਨੇ ਉਸ ਦੀ ਪਹਿਚਾਣ ਪੁੱਛੀ ਤਾਂ ਉਸ ਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਉਰਫ਼ ਗੋਰਾ ਪੁੱਤਰ ਨਾਨਕ ਸਿੰਘ ਪਿੰਡ ਹਬੀਬ ਵਾਲਾ ਥਾਣਾ ਸਦਰ ਫ਼ਿਰੋਜ਼ਪੁਰ ਦੱਸਿਆ। ਜਿਸ 'ਤੇ ਪੁਲਿਸ ਪਾਰਟੀ ਨੂੰ ਕੋਈ ਸ਼ੱਕ ਪ੍ਰਾਪਤ ਹੋਇਆ। ਉਨ੍ਹਾਂ ਨੇ ਇਸ ਦੀ ਸੂਚਨਾ ਆਪਣੇ ਉੱਚ ਅਧਿਕਾਰੀਆਂ ਨੂੰ ਦਿੱਤੀ। ਜਿਸ 'ਤੇ ਡੀ.ਐੱਸ.ਪੀ ਜਤਿੰਦਰ ਸਿੰਘ ਫ਼ਾਜ਼ਿਲਕਾ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਮੌਕੇ 'ਤੇ ਪਹੁੰਚ ਗਏ। ਜਦ ਉਸ ਦੀ ਤਲਾਸ਼ੀ ਲਈ ਤਾਂ ਕਬਜ਼ੇ ਵਿਚਲੇ ਕੈਰੀ ਬੈਗ 'ਤੇ ਅੰਗਰੇਜ਼ੀ ਵਿਚ ਪਵਨ ਸੰਗਜ਼ ਮੋਰੇਵਾਲਾ ਲਿਖਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਚੈੱਕ ਕਰਨ 'ਤੇ ਕਾਲੇ ਰੰਗ ਦੇ ਮੋਮੀ ਲਿਫ਼ਾਫ਼ੇ 'ਚ ਹੈਰੋਇਨ ਬਰਾਮਦ ਹੋਈ। ਗੁਰਪ੍ਰੀਤ ਸਿੰਘ ਉਰਫ਼ ਗੋਰੇ ਕੋਲੋਂ 200 ਰੁਪਏ ਨਗਦ, ਇਕ ਮੋਬਾਈਲ ਫ਼ੋਨ ਡਬਲ ਸਿੰਮ ਅਤੇ ਇਕ ਸਿੰਮ ਬਰਾਮਦ ਹੋਈ। ਪਕੜੀ ਹੈਰੋਇਨ ਦਾ ਜਦ ਵਜ਼ਨ ਕੀਤਾ ਤਾਂ ਉਹ 5 ਕਿੱਲੋ ਨਿਕਲੀ। ਫ਼ਾਜ਼ਿਲਕਾ ਥਾਣੇ ਅੰਦਰ ਐਨ.ਡੀ.ਪੀ.ਐੱਸ.ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।


ਜ਼ਿਲ੍ਹਾ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਫ਼ਾਜ਼ਿਲਕਾ ਵਲੋਂ ਫੜੇ ਗਏ ਹੈਰੋਇਨ ਤਸਕਰ ਨੂੰ ਸਥਾਨਕ ਅਦਾਲਤ 'ਚ ਪੇਸ਼ੀ ਤੋਂ ਬਾਅਦ ਬਾਹਰ ਲੈ ਕੇ ਆਉਂਦੇ ਹੋਏ ਪੁਲਿਸ ਮੁਲਾਜ਼ਮ। ਤਸਵੀਰ-ਪ੍ਰਦੀਪ ਕੁਮਾਰ

# ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ 2 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਫ਼ਾਜ਼ਿਲਕਾ, 28 ਅਕਤੂਬਰ (ਦਵਿੰਦਰ ਪਾਲ ਸਿੰਘ)-ਥਾਣਾ ਸਦਰ ਅਤੇ ਅਰਨੀਵਾਲਾ ਪੁਲਿਸ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ 2 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਐੱਚ.ਸੀ ਮਿਲਖ ਰਾਜ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਰਪ੍ਰੀਤ ਸਿੰਘ ਪੰਚਾਇਤ ਸੈਕਟਰੀ ਵਲੋਂ ਇਕ ਪੱਤਰ ਨੰਬਰ ਬੀ6 27 ਅਕਤੂਬਰ ਵਲੋਂ ਮਿਲਿਆ। ਜਿਸ ਅਨੁਸਾਰ ਪਰਮੇਸ਼ਵਰੀ ਦੇਵੀ ਪੁੱਤਰੀ ਗਿਆਨ ਚੰਦ ਵਾਸੀ ਪਿੰਡ ਸੈਦੋ ਕੇ ਉਤਾੜ ਵਲੋਂ ਖੇਤ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ 'ਤੇ ਅਤੇ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਗਈ ਹੈ। ਜਾਂਚ ਅਧਿਕਾਰੀ ਸੁਖਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਇਕ ਪੱਤਰ ਨੰਬਰ ਬੀ-05 ਮਿਤੀ 25 ਅਕਤੂਬਰ ਨੋਡਲ ਅਫ਼ਸਰ ਸੁਰਿੰਦਰ ਸਿੰਘ ਵੀ.ਆਈ. ਵਲੋਂ ਮਿਲਿਆ ਕਿ ਜਸਵੰਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਚਿਮਨੇ ਵਾਲਾ ਵਲੋਂ ਆਪਣੀ ਜ਼ਮੀਨ ਖੇਵਟ ਨੰਬਰ 268 ਖ਼ਸਰਾ ਨੰਬਰ 31/15(18-0) ਲੋਕੇਸ਼ਨ 30.4511-81, 74.176686 ਤੇ ਮਿਤੀ 22.ਅਕਤੂਬਰ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਹੈ। ਪੁਲਿਸ ਨੇ ਦੋਵਾਂ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।


ਫੜੇ ਗਏ ਵਿਅਕਤੀ ਨੂੰ ਲੈ ਕੇ ਜਾਂਦੇ ਹੋਏ ਪੁਲਿਸ ਕਰਮਚਾਰੀ। ਅਜੀਤ ਤਸਵੀਰ

# ਹੈਰੋਇਨ ਸਮੇਤ ਔਰਤ ਗ੍ਰਿਫ਼ਤਾਰ

ਅਬੋਹਰ, 28 ਅਕਤੂਬਰ (ਸੁਖਜੀਤ ਸਿੰਘ ਬਰਾੜ)-ਥਾਣਾ ਖੂਈਆ ਸਰਵਰ ਪੁਲਸ ਵਲੋਂ ਹੈਰੋਇਨ ਸਮੇਤ ਇਕ ਔਰਤ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਥਾਣਾ ਮੁਖੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਥਾਣੇ ਦੇ ਹੌਲਦਾਰ ਲਵਪ੍ਰੀਤ ਸਿੰਘ ਪੁਲਿਸ ਪਾਰਟੀ ਸਮੇਤ ਤੇਲੂਪੁਰਾ ਰੇਲਵੇ ਫਾਟਕ ਤੋਂ ਹਰੀਪੁਰ ਵੱਲ ਗਸ਼ਤ ਉੱਪਰ ਜਾ ਰਹੇ ਸਨ ਤਾਂ ਸਾਹਮਣੇ ਤੋਂ ਇਕ ਔਰਤ ਆ ਰਹੀ ਸੀ। ਜੋ ਕਿ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਈ। ਜਦੋਂ ਪੁਲਿਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਉਸ ਔਰਤ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ 6 ਗਰਾਮ ਹੈਰੋਇਨ ਬਰਾਮਦ ਹੋਈ। ਗ੍ਰਿਫ਼ਤਾਰ ਕੀਤੀ ਔਰਤ ਦੀ ਪਹਿਚਾਣ ਖੂਈਆਂ ਸਰਵਰ ਵਜੋਂ ਹੋਈ। ਥਾਣਾ ਪੁਲਿਸ ਵਲੋਂ ਉਕਤ ਔਰਤ ਖ਼ਿਲਾਫ਼ ਵੱਖ-ਵੱਖ ਧਰਾਵਾਂ ਦੇ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

SBS COLLEGE OF NURSING, SODEWALA, FEROZEPUR
Direct Counselling at College Campus with eligibilty as per PNRC
Date 30.10.2025 (Thursday) (Time 09.00am)
• ANM & GNM NURSING
Ph. No. 97811-28862, 61

College of Nursing
Adesh Institute of Medical Sciences & Research, Bathinda
NH-7, Barnala Road, Bathinda | Mob 90808-57337
conursing@adeshuniversity.ac.in | www.adeshuniversity.ac.in
ADESH UNIVERSITY

NOTICE

Semi Online Counselling for leftover seats for GNM course (Session 2025-26) for College of Nursing, Adesh Institute of Medical Sciences and Research, Bathinda will be conducted at institute level as per following schedule.
Only those candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

| Description | Date |
|---|---|
| Semi online counseling and joining of candidates for GNM course (Session 2025-26) for College of Nursing, Adesh Institute of Medical Sciences and Research, Bathinda | 29/10/2025 to 31/10/2025 |

PNRC Helpline for Counselling
+91 62836-18852 (Mon-Fri, 9 am-5 pm) | admissionspnrc@gmail.com

Principal, College of Nursing,
Adesh Institute of Medical Sciences and Research, Bathinda

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਫ਼ਾਜ਼ਿਲਕਾ/ਫ਼ਿਰੋਜ਼ਪੁਰ**

ਸ. ਦਵਿੰਦਰਪਾਲ ਸਿੰਘ 98729-03544
ਡੈਡ ਹਾਊਸ ਰੋਡ, ਸਬ ਜੇਲ੍ਹ ਦੇ ਪਿੱਛੇ 01638-500325

# ਹਨੀਟਰੈਪ ਜ਼ਰੀਏ ਲੋਕਾਂ ਨੂੰ ਫਸਾਉਣ ਵਾਲੇ ਗਰੋਹ ਦਾ ਮੈਂਬਰ ਕਾਬੂ

ਅਬੋਹਰ, 28 ਅਕਤੂਬਰ (ਵਿਵੇਕ ਹੂੜੀਆ)-ਕੁੱਝ ਮਹੀਨੇ ਪਹਿਲਾਂ ਇਕ ਆਦਮੀ ਅਤੇ ਦੋ ਔਰਤਾਂ ਨੇ ਅਬੋਹਰ ਦੇ ਪੰਜਪੀਰ ਟਿੱਬਾ ਦੇ ਵਸਨੀਕ ਨੂੰ ਹਨੀ-ਟਰੈਪ 'ਚ ਫਸਾ ਕੇ ਲੱਖਾਂ ਰੁਪਏ ਵਸੂਲੇ ਸਨ। ਸ਼ਿਕਾਇਤ 'ਤੇ ਥਾਣਾ ਨੰਬਰ 2 ਦੀ ਪੁਲਿਸ ਨੇ ਜਨਵਰੀ ਵਿਚ ਦੋ ਔਰਤਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਜਦੋਂ ਕਿ ਇਕ ਆਦਮੀ ਪੁਲਿਸ ਹਿਰਾਸਤ ਤੋਂ ਬਾਹਰ ਸੀ। ਜਿਸ ਨੂੰ ਕੱਲ੍ਹ ਗੁਪਤ ਸੂਚਨਾ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਗੁਰਸੇਵਕ ਸਿੰਘ ਨੂੰ ਹੁਣ ਪੁਲਿਸ ਰਿਮਾਂਡ 'ਤੇ ਲਿਆ ਜਾਵੇਗਾ ਅਤੇ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਜਨਵਰੀ 2025 ਵਿਚ ਪੁਲਿਸ ਨੇ ਇਸ ਸਬੰਧ ਵਿਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਵਿਰੁੱਧ ਕੇਸ ਦਰਜ ਕੀਤਾ ਸੀ। 30 ਜਨਵਰੀ 2025 ਨੂੰ ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿਚ ਅਮਰੀਕ ਸਿੰਘ ਨੇ ਕਿਹਾ ਸੀ ਕਿ ਪਿਛਲੇ ਸਾਲ, ਸਾਦੂਲਸ਼ਹਿਰ ਦੇ ਰਹਿਣ ਵਾਲੇ ਭਗਵੰਤ ਸਿੰਘ ਰਾਜਪੂਤ ਦੀ ਪਤਨੀ ਸੁਮਿਤਰਾ ਉਰਫ਼ ਸ਼ਾਲੂ, ਹਿੰਮਤਪੁਰਾ ਦੇ ਰਹਿਣ ਵਾਲੇ ਚਰਨਜੀਤ ਸਿੰਘ ਦੀ ਪਤਨੀ ਗੁਰਮੀਤ ਕੌਰ ਅਤੇ ਗੁਰਸੇਵਕ ਸਿੰਘ ਉਰਫ਼ ਸੇਵਕ ਜਾਖੜ ਪੁੱਤਰ ਬਖਤੌਰ ਸਿੰਘ ਵਾਸੀ ਨਵੀਂ ਆਬਾਦੀ ਗਲੀ ਨੰਬਰ 14, ਅਬੋਹਰ ਨੇ ਉਸ ਨੂੰ ਹਨੀ-ਟਰੈਪ 'ਚ ਫਸਾਇਆ। ਪੁਲਿਸ ਅਧਿਕਾਰੀਆਂ ਵਲੋਂ ਜਾਂਚ ਕਰਨ 'ਤੇ ਜਦੋਂ ਅਮਰੀਕ ਸਿੰਘ ਦੀ ਸ਼ਿਕਾਇਤ ਸੱਚੀ ਪਾਈ ਗਈ ਤਾਂ ਥਾਣਾ ਨੰਬਰ 2 ਦੀ ਪੁਲਿਸ ਨੇ ਤਿੰਨਾਂ ਵਿਰੁੱਧ ਵੱਖ-ਵੱਖ ਧਰਾਵਾਂ ਦੇ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਅਤੇ ਮਹਿਲਾਵਾਂ ਨੂੰ ਕਾਬੂ ਕਰ ਲਿਆ। ਥਾਣਾ ਨੰਬਰ ਦੋ ਦੇ ਇੰਚਾਰਜ ਪ੍ਰੋਮਿਲਾ ਸਿੱਧੂ ਨੇ ਦੱਸਿਆ ਕਿ ਇਹ ਤਿੰਨੋਂ ਹੀ ਹਨੀਟਰੈਪ ਦੇ ਮਾਧਿਅਮ ਨਾਲ ਲੋਕਾਂ ਨੂੰ ਠੱਗਣ ਦਾ ਕੰਮ ਕਰਦੇ ਹਨ ਅਤੇ ਇਨ੍ਹਾਂ ਨੇ ਕਈ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਇਆ ਸੀ। ਇਹ ਲੋਕ ਪਿਛਲੇ ਤਿੰਨ, ਚਾਰ ਸਾਲਾ ਤੋਂ ਇਹ ਨਜਾਇਜ਼ ਕੰਮ ਕਰ ਰਹੇ ਸਨ।


ਅਬੋਹਰ ਫਾਇਰ ਵਿਭਾਗ ਨੂੰ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਗੱਡੀ ਸੌਂਪਣ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਅਰੁਣ ਨਾਰੰਗ। ਅਜੀਤ ਤਸਵੀਰ

# ਅਬੋਹਰ ਫਾਇਰ ਵਿਭਾਗ ਨੂੰ ਰੈਸਕਿਊ ਟੈਂਡਰ ਗੱਡੀ ਮਿਲਣਾ ਬੜੇ ਮਾਣ ਦੀ ਗੱਲ-ਅਰੁਣ ਨਾਰੰਗ

ਅਬੋਹਰ, 28 ਅਕਤੂਬਰ (ਵਿਵੇਕ ਹੂੜੀਆ)-ਪੰਜਾਬ ਸਰਕਾਰ ਨੇ ਅਬੋਹਰ ਫਾਇਰ ਬ੍ਰਿਗੇਡ ਵਿਭਾਗ ਨੂੰ ਇਕ ਅਤਿ-ਆਧੁਨਿਕ ਫਾਇਰ ਬ੍ਰਿਗੇਡ ਸੌਂਪ ਦਿੱਤੀ ਹੈ। ਅਬੋਹਰ ਹਲਕਾ ਇੰਚਾਰਜ ਅਰੁਣ ਨਾਰੰਗ ਨੇ ਇਸ ਗੱਡੀ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਅਬੋਹਰ ਕੋਆਰਡੀਨੇਟਰ ਰਣਧੀਰ ਗਾਬਾ ਅਤੇ ਫਾਇਰ ਵਿਭਾਗ ਦੇ ਅਧਿਕਾਰੀ ਮੌਜੂਦ ਸਨ। ਅਰੁਣ ਨਾਰੰਗ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿਭਾਗੀ ਮੰਤਰੀ ਡਾ. ਰਵਜੋਤ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਅਬੋਹਰ ਸਮੇਤ ਪੰਜਾਬ ਦੇ ਸਾਰੇ ਵੱਡੇ ਸ਼ਹਿਰਾਂ ਨੂੰ ਅਤਿ-ਆਧੁਨਿਕ ਫਾਇਰ ਫਾਈਟਿੰਗ ਗੱਡੀਆਂ ਪ੍ਰਦਾਨ ਕਰਨ ਲਈ ਮੁੱਖ ਮੰਤਰੀ ਮਾਨ ਦੇ ਧੰਨਵਾਦੀ ਹਨ। ਨਾਰੰਗ ਨੇ ਅੱਗੇ ਕਿਹਾ ਕਿ ਇਹ ਫ਼ਾਜ਼ਿਲਕਾ ਜ਼ਿਲ੍ਹੇ ਵਿਚ ਪਹਿਲੀ ਅਜਿਹੀ ਗੱਡੀ ਹੈ ਜੋ ਨਾ ਸਿਰਫ਼ ਅੱਗ ਬੁਝਾਏਗੀ ਬਲਕਿ ਹੋਰ ਐਮਰਜੈਂਸੀ ਦੌਰਾਨ ਸ਼ਹਿਰ ਅਤੇ ਪਿੰਡਾਂ ਦੇ ਲੋਕਾਂ ਦੀ ਰੱਖਿਆ ਵੀ ਕਰੇਗੀ। ਅਬੋਹਰ ਦੇ ਸਾਰੇ ਵਸਨੀਕ ਇਸ ਗੱਡੀ ਨੂੰ ਪ੍ਰਾਪਤ ਕਰਨ ਲਈ ਵਧਾਈ ਦੇ ਹੱਕਦਾਰ ਹਨ। ਜਿਸ ਨੂੰ ਰੈਸਕਿਊ ਟੈਂਡਰ ਕਿਹਾ ਜਾਂਦਾ ਹੈ। ਇਸ ਮੌਕੇ ਫਾਇਰ ਅਫ਼ਸਰ ਵਰਿੰਦਰ ਸਿੰਘ ਨੇ ਇਸ ਵਿਸ਼ੇਸ਼ ਬਚਾਅ ਵਾਹਨ ਲਈ 'ਆਪ' ਸਰਕਾਰ ਅਤੇ ਅਰੁਣ ਨਾਰੰਗ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਵਾਹਨ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਹੈ ਜਿਸ ਵਿਚ 1000 ਲੀਟਰ ਪਾਣੀ ਦੀ ਟੈਂਕੀ ਦੇ ਨਾਲ-ਨਾਲ ਹੋਰ ਅੱਗ ਬੁਝਾਉਣ ਵਾਲੇ ਉਪਕਰਨ ਸ਼ਾਮਲ ਹਨ। ਇੰਨਾ ਹੀ ਨਹੀਂ ਇਹ ਵਾਹਨ ਉਸ ਵਿਅਕਤੀ ਨੂੰ ਵੀ ਬਚਾਏਗਾ ਜੋ ਡੁੱਬ ਰਿਹਾ ਹੈ, ਉਚਾਈ 'ਤੇ ਫਸਿਆ ਹੋਇਆ ਹੈ ਜਾਂ ਕਿਸੇ ਵਾਹਨ ਨਾਲ ਟਕਰਾ ਗਿਆ ਹੈ। ਇਸ ਵਾਹਨ ਵਿਚ ਪੌੜੀਆਂ, ਕਟਰ ਅਤੇ ਹੋਰ ਸਹੂਲਤਾਂ ਵਾਲੀਆਂ ਰੱਸੀਆਂ ਹਨ।


ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆ ਨਾਲ ਮੁਲਾਕਾਤ ਕਰਦੇ ਹੋਏ। ਅਜੀਤ ਤਸਵੀਰ

# ਵਿਧਾਇਕ ਸਵਨਾ ਵਲੋਂ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆ ਨਾਲ ਮੁਆਵਜ਼ੇ ਨੂੰ ਲੈ ਕੇ ਮੁਲਾਕਾਤ

ਫ਼ਾਜ਼ਿਲਕਾ, 28 ਅਕਤੂਬਰ (ਦਵਿੰਦਰ ਪਾਲ ਸਿੰਘ)-ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆ ਨਾਲ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਸਰਕਾਰ ਵਲੋਂ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਸਬੰਧੀ ਮੁਲਾਕਾਤ ਕੀਤੀ। ਉਨ੍ਹਾਂ ਇਸ ਮੌਕੇ ਕੱਚੀਆਂ ਜ਼ਮੀਨਾਂ ਵਾਲੇ ਕਿਸਾਨਾਂ ਦੇ ਹੋਏ ਨੁਕਸਾਨ ਬਾਰੇ ਵੀ ਜਾਣੂੰ ਕਰਵਾਇਆ। ਮੁਲਾਕਾਤ ਦੌਰਾਨ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਹੜ੍ਹਾਂ ਦੇ ਨੁਕਸਾਨ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਮੁਆਵਜ਼ਾ ਵੰਡ ਕਰਨ 'ਤੇ ਧੰਨਵਾਦ ਪ੍ਰਗਟ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਕਿਸਾਨ ਦੀਆਂ ਫ਼ਸਲਾਂ ਦੇ ਖ਼ਰਾਬੇ, ਪਸ਼ੂ ਪਾਲਕਾਂ ਦੇ ਪਸ਼ੂਆਂ ਅਤੇ ਮਕਾਨਾਂ ਦੇ ਹੋਏ ਨੁਕਸਾਨ ਦੀ ਹਰੇਕ ਤਰ੍ਹਾਂ ਨਾਲ ਇੰਨੀ ਛੇਤੀ ਭਰਪਾਈ ਕਰਨ ਦਾ ਇਤਿਹਾਸਕ ਕਦਮ ਚੁੱਕਿਆ ਹੈ ਜਿਸ ਨਾਲ ਹੜ੍ਹ ਪੀੜਤਾਂ ਨੂੰ ਕਾਫ਼ੀ ਰਾਹਤ ਮਿਲੀ ਹੈ। ਵਿਧਾਇਕ ਸਵਨਾ ਨੇ ਮਾਲ ਮੰਤਰੀ ਅੱਗੇ ਸਰਹੱਦੀ ਪਿੰਡਾਂ ਦੀਆਂ ਕੱਚਿਆਂ ਜ਼ਮੀਨਾਂ ਵਾਲੇ ਲੋਕਾਂ ਦੀ ਮੰਗ ਰੱਖਦਿਆਂ ਕਿਹਾ ਕਿ ਇਹ ਜ਼ਮੀਨਾਂ ਭਾਵੇਂ ਇੰਨਾ ਦੇ ਨਾਮ ਨਹੀਂ ਪਰ ਇਨ੍ਹਾਂ ਜ਼ਮੀਨਾਂ ਦੇ ਇਹ ਹੀ ਖੇਤੀ ਕਰਦੇ ਹਨ ਤੇ ਇਨ੍ਹਾਂ ਦਾ ਵੀ ਹੜ੍ਹਾਂ ਦੌਰਾਨ ਨੁਕਸਾਨ ਹੋਇਆ ਹੈ। ਇਸ ਕਰਕੇ ਇਨ੍ਹਾਂ ਕੱਚੀਆਂ ਜ਼ਮੀਨਾਂ ਵਾਲੇ ਕਿਸਾਨਾਂ ਨੂੰ ਵੀ ਮੁਆਵਜ਼ਾ ਦਿੱਤਾ ਜਾਵੇ, ਜਿਸ 'ਤੇ ਮਾਲ ਮੰਤਰੀ ਵੱਲੋਂ ਉਨ੍ਹਾਂ ਮਾਰਫ਼ਤ ਲੋਕਾਂ ਨੂੰ ਭਰੋਸਾ ਦਵਾਇਆ ਗਿਆ ਕਿ ਸਰਕਾਰ ਇਸ 'ਤੇ ਕਾਰਵਾਈ ਅਮਲ ਵਿਚ ਲਿਆ ਰਹੀ ਹੈ ਤੇ ਹਰੇਕ ਹੜ੍ਹ ਪੀੜਤ ਨੂੰ ਸਰਕਾਰ ਵੱਲੋਂ ਰਾਹਤ ਜ਼ਰੂਰ ਮੁਹੱਈਆ ਕਰਵਾਈ ਜਾਵੇਗੀ।

# ਨਸ਼ੀਲੀਆਂ ਗੋਲੀਆਂ 'ਤੇ ਕੈਪਸੂਲਾਂ ਸਮੇਤ 2 ਕਾਬੂ

ਫ਼ਾਜ਼ਿਲਕਾ, 28 ਅਕਤੂਬਰ (ਦਵਿੰਦਰ ਪਾਲ ਸਿੰਘ)-ਥਾਣਾ ਸਦਰ ਪੁਲਿਸ ਨੇ ਨਸ਼ੀਲੀਆਂ ਗੋਲੀਆਂ 'ਤੇ ਕੈਪਸੂਲਾਂ ਸਮੇਤ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਐੱਚ.ਸੀ ਮਿਲਖ ਰਾਜ ਨੇ ਦੱਸਿਆ ਕਿ ਪੁਲਿਸ ਪਾਰਟੀ ਗਸ਼ਤ ਦੌਰਾਨ ਜਦੋਂ ਪੁਲ ਸੇਮ ਨਾਲਾ ਲਾਧੂਕਾ ਨੇੜੇ ਪੁੱਜੀ ਤਾਂ ਗੁਰਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਸਿਧਵਾ ਬੇਟ ਜ਼ਿਲ੍ਹਾ ਲੁਧਿਆਣਾ ਅਤੇ ਮਨਜੀਤ ਸਿੰਘ ਉਰਫ਼ ਮੰਨੂ ਪੁੱਤਰ ਜੰਗੀਰ ਸਿੰਘ ਵਾਸੀ ਅੱਕੂਵਾਲਾ ਥਾਣਾ ਸਿਧਵਾ ਬੇਟ ਜ਼ਿਲ੍ਹਾ ਲੁਧਿਆਣਾ ਪੁਲਿਸ ਪਾਰਟੀ ਨੂੰ ਦੇਖ ਕੇ ਆਪਣਾ ਮੋਟਰਸਾਈਕਲ ਪਿੱਛੇ ਮੋੜਨ ਲੱਗੇ ਤਾਂ ਮੋਟਰਸਾਈਕਲ ਡਿਗ ਗਿਆ। ਜਿਸ 'ਤੇ ਦੋਨਾਂ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਨੂੰ ਸ਼ੱਕ ਦੇ ਆਧਾਰ 'ਤੇ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ ਵਿਚੋਂ 50 ਨਸ਼ੀਲੀਆਂ ਗੋਲੀਆਂ ਅਤੇ 3000 ਕੈਪਸੂਲ ਬਰਾਮਦ ਹੋਏ। ਜਿਸ ਤੋਂ ਬਾਅਦ ਪੁਲਿਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

